ਸਿਰੀਰਾਗੁ ਮਹਲਾ ੩ ॥ ਹਰਿ ਜੀ ਸਚਾ ਸਚੁ ਤੂ ਸਭੁ ਕਿਛੁ ਤੇਰੈ ਚੀਰੈ ॥ ਲਖ ਚਉਰਾਸੀਹ ਤਰਸਦੇ ਫਿਰੇ ਬਿਨੁ ਗੁਰ ਭੇਟੇ ਪੀਰੈ ॥ ਹਰਿ ਜੀਉ ਬਖਸੇ ਬਖਸਿ ਲਏ ਸੂਖ ਸਦਾ ਸਰੀਰੈ ॥ ਗੁਰ ਪਰਸਾਦੀ ਸੇਵ ਕਰੀ ਸਚੁ ਗਹਿਰ ਗੰਭੀਰੈ ॥੧॥ ਮਨ ਮੇਰੇ ਨਾਮਿ ਰਤੇ ਸੁਖੁ ਹੋਇ ॥ ਗੁਰਮਤੀ ਨਾਮੁ ਸਲਾਹੀਐ ਦੂਜਾ ਅਵਰੁ ਨ ਕੋਇ ॥੧॥ ਰਹਾਉ ॥ ਧਰਮ ਰਾਇ ਨੋ ਹੁਕਮੁ ਹੈ ਬਹਿ ਸਚਾ ਧਰਮੁ ਬੀਚਾਰਿ ॥ ਦੂਜੈ ਭਾਇ ਦੁਸਟੁ ਆਤਮਾ ਓਹੁ ਤੇਰੀ ਸਰਕਾਰ ॥ ਅਧਿਆਤਮੀ ਹਰਿ ਗੁਣ ਤਾਸੁ ਮਨਿ ਜਪਹਿ ਏਕੁ ਮੁਰਾਰਿ ॥ ਤਿਨ ਕੀ ਸੇਵਾ ਧਰਮ ਰਾਇ ਕਰੈ ਧੰਨੁ ਸਵਾਰਣਹਾਰੁ ॥੨॥ ਮਨ ਕੇ ਬਿਕਾਰ ਮਨਹਿ ਤਜੈ ਮਨਿ ਚੂਕੈ ਮੋਹੁ ਅਭਿਮਾਨੁ ॥ ਆਤਮ ਰਾਮੁ ਪਛਾਣਿਆ ਸਹਜੇ ਨਾਮਿ ਸਮਾਨੁ ॥ ਬਿਨੁ ਸਤਿਗੁਰ ਮੁਕਤਿ ਨ ਪਾਈਐ ਮਨਮੁਖਿ ਫਿਰੈ ਦਿਵਾਨੁ ॥ ਸਬਦੁ ਨ ਚੀਨੈ ਕਥਨੀ ਬਦਨੀ ਕਰੇ ਬਿਖਿਆ ਮਾਹਿ ਸਮਾਨੁ ॥੩॥ ਸਭੁ ਕਿਛੁ ਆਪੇ ਆਪਿ ਹੈ ਦੂਜਾ ਅਵਰੁ ਨ ਕੋਇ ॥ ਜਿਉ ਬੋਲਾਏ ਤਿਉ ਬੋਲੀਐ ਜਾ ਆਪਿ ਬੁਲਾਏ ਸੋਇ ॥ ਗੁਰਮੁਖਿ ਬਾਣੀ ਬ੍ਰਹਮੁ ਹੈ ਸਬਦਿ ਮਿਲਾਵਾ ਹੋਇ ॥ ਨਾਨਕ ਨਾਮੁ ਸਮਾਲਿ ਤੂ ਜਿਤੁ ਸੇਵਿਐ ਸੁਖੁ ਹੋਇ ॥੪॥੩੦॥੬੩॥ {ਪੰਨਾ 38-39}

ਪਦਅਰਥ:- ਸਚਾ—ਸਦਾ-ਥਿਰ ਰਹਿਣ ਵਾਲਾ। ਚੀਰੈ—ਹੱਦ-ਬੰਨੇ ਵਿਚ, ਵੱਸ ਵਿਚ। ਬਿਨੁ ਭੇਟੇ—ਮਿਲਣ ਤੋਂ ਬਿਨਾ। ਸਰੀਰੈ—ਸਰੀਰ ਵਿਚ। ਕਰੀ—ਮੈਂ ਕਰਾਂ, ਕਰੀਂ। ਗੁਰ ਪਰਸਾਦੀ—ਗੁਰੂ ਦੀ ਕਿਰਪਾ ਨਾਲ।1।

ਨਾਮਿ—ਨਾਮ ਵਿਚ। ਰਤੇ—ਰੰਗੇ ਜਾਈਏ। ਅਵਰੁ—ਹੋਰ (ਵਸੀਲਾ)।1। ਰਹਾਉ।

ਨੋ—ਨੂੰ। ਬਹਿ—ਬੈਠ ਕੇ। ਦੂਜੈ ਭਾਇ—ਮਾਇਆ ਦੇ ਪਿਆਰ ਵਿਚ। ਦੁਸਟੁ—ਭੈੜਾ, ਵਿਕਾਰੀ। ਓਹੁ—ਉਹ ਬੰਦਾ। ਸਰਕਾਰ—ਰਈਅਤ। ਅਧਿਆਤਮੀ-ਆਤਮਕ ਜੀਵਨ ਦਾ ਮਾਲਕ। ਗੁਣ ਤਾਸੁ—ਗੁਣਾਂ ਦਾ ਖ਼ਜ਼ਾਨਾ ਪਰਮਾਤਮਾ। ਮਨਿ—ਮਨ ਵਿਚ। ਮੁਰਾਰਿ—{mur-Air} ਪਰਮਾਤਮਾ। ਧੰਨੁ—ਸਲਾਹਣ-ਯੋਗ।2।

ਮਨਹਿ—ਮਨ ਵਿਚੋਂ। ਤਜੈ—ਛੱਡ ਦੇਵੇ। ਮਨਿ—ਮਨ ਵਿਚੋਂ। ਆਤਮਾਰਾਮੁ—ਸਰਬ-ਵਿਆਪਕ ਪ੍ਰਭੂ। ਸਹਜੇ—ਆਤਮਕ ਅਡੋਲਤਾ ਦੀ ਰਾਹੀਂ। ਸਮਾਨੁ—ਸਮਾਈ, ਲੀਨਤਾ। ਮੁਕਤਿ—ਵਿਕਾਰਾਂ ਤੋਂ ਖ਼ਲਾਸੀ। ਦਿਵਾਨੁ—ਦਿਵਾਨਾ, ਝੱਲਾ, ਪਾਗਲ। ਚੀਨੈ—ਪਛਾਣਦਾ। ਕਥਨੀ ਬਦਨੀ—(ਨਿਰੀਆਂ) ਗੱਲਾਂ ਬਾਤਾਂ। ਬਿਖਿਆ—ਮਾਇਆ।3।

ਜਾ—ਜਦੋਂ। ਬੁਲਾਏ—ਬੋਲਣ ਦੀ ਪਰੇਰਨਾ ਕਰਦਾ ਹੈ। ਸੋਇ—ਉਹ (ਪ੍ਰਭੂ) ਹੀ। ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ। ਬਾਣੀ—ਸਿਫ਼ਤਿ-ਸਾਲਾਹ ਦੀ ਰਾਹੀਂ। ਬ੍ਰਹਮੁ—ਪਰਮਾਤਮਾ। ਸਬਦਿ—(ਗੁਰੂ ਦੇ) ਸ਼ਬਦ ਦੀ ਰਾਹੀਂ। ਨਾਨਕ—ਹੇ ਨਾਨਕ! ਜਿਤੁ—ਜਿਸ ਦੀ ਰਾਹੀਂ। ਜਿਤੁ ਸੇਵੀਐ—ਜਿਸ ਦੇ ਸਿਮਰਨ ਨਾਲ। ਸੁਖੁ—ਆਤਮਕ ਆਨੰਦ।4।

ਅਰਥ:- ਹੇ ਮੇਰੇ ਮਨ! ਜੇ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਵੀਏ, ਤਾਂ ਆਤਮਕ ਆਨੰਦ ਮਿਲਦਾ ਹੈ। (ਪਰ) ਗੁਰੂ ਦੀ ਮਤਿ ਤੇ ਤੁਰ ਕੇ ਹੀ ਪਰਮਾਤਮਾ ਦਾ ਨਾਮ ਸਲਾਹੁਣਾ ਚਾਹੀਦਾ ਹੈ। (ਨਾਮ ਸਿਮਰਨ ਦਾ) ਹੋਰ ਕੋਈ ਤਰੀਕਾ ਨਹੀਂ ਹੈ।1। ਰਹਾਉ।

ਹੇ ਪ੍ਰਭੂ ਜੀ! ਤੂੰ (ਹੀ) ਸਦਾ-ਥਿਰ ਰਹਿਣ ਵਾਲਾ ਹੈਂ। ਹੋਰ ਸਾਰਾ ਜਗਤ ਤੇਰੇ ਵੱਸ ਵਿਚ ਹੈ। (ਪਰ ਤੂੰ ਮਿਲਦਾ ਹੈਂ ਗੁਰੂ ਦੀ ਰਾਹੀਂ) ਗੁਰੂ-ਪੀਰ ਨੂੰ ਮਿਲਣ ਤੋਂ ਬਿਨਾ (ਭਾਵ, ਗੁਰੂ ਦੀ ਸਰਨ ਪੈਣ ਤੋਂ ਬਿਨਾ) ਚੌਰਾਸੀ ਲੱਖ ਜੂਨਾਂ ਦੇ ਜੀਵ (ਤੇਰੇ ਦਰਸਨ ਨੂੰ) ਤਰਸਦੇ ਫਿਰਦੇ ਹਨ।

ਜਿਸ ਜੀਵ ਉੱਤੇ ਪਰਮਾਤਮਾ ਆਪ ਮਿਹਰ ਕਰਦਾ ਹੈ ਬਖ਼ਸ਼ਸ਼ ਕਰਦਾ ਹੈ, ਉਸ ਦੇ ਹਿਰਦੇ ਵਿਚ ਸਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ।

(ਮੇਰੇ ਅੰਦਰ ਭੀ ਤਾਂਘ ਹੈ ਕਿ) ਮੈਂ ਗੁਰੂ ਦੀ ਮਿਹਰ ਨਾਲ ਸਦਾ-ਥਿਰ ਤੇ ਡੂੰਘੇ ਜਿਗਰੇ ਵਾਲੇ ਪਰਮਾਤਮਾ ਦਾ ਸਿਮਰਨ ਕਰਦਾ ਰਹਾਂ।1।

ਧਰਮਰਾਜ ਨੂੰ (ਭੀ ਪਰਮਾਤਮਾ ਦਾ) ਹੁਕਮ ਹੈ (ਹੇ ਧਰਮਰਾਜ! ਤੂੰ) ਬੈਠ ਕੇ (ਇਹ) ਅਟੱਲ ਧਰਮ (-ਨਿਆਂ) ਚੇਤੇ ਰੱਖ ਕਿ ਉਹ ਵਿਕਾਰੀ ਮਨੁੱਖ ਤੇਰੀ ਰਈਅਤ ਹੈ ਜੇਹੜਾ ਮਾਇਆ ਦੇ ਪਿਆਰ ਵਿਚ (ਫਸਿਆ ਰਹਿੰਦਾ) ਹੈ।

ਆਤਮਕ ਜੀਵਨ ਵਾਲੇ ਬੰਦਿਆਂ ਦੇ ਮਨ ਵਿਚ ਗੁਣਾਂ ਦਾ ਖ਼ਜਾਨਾ ਪਰਮਾਤਮਾ ਆਪ ਵੱਸਦਾ ਹੈ, ਉਹ ਪਰਮਾਤਮਾ ਨੂੰ ਹੀ ਸਿਮਰਦੇ ਰਹਿੰਦੇ ਹਨ। ਧਰਮਰਾਜ (ਭੀ) ਉਹਨਾਂ ਬੰਦਿਆਂ ਦੀ ਸੇਵਾ ਕਰਦਾ ਹੈ। ਧੰਨ ਹੈ ਉਹ ਪਰਮਾਤਮਾ ਜੋ (ਆਪਣੇ ਸੇਵਕਾਂ ਦਾ ਜੀਵਨ ਇਤਨਾ) ਸੋਹਣਾ ਬਣਾ ਦੇਂਦਾ ਹੈ (ਕਿ ਧਰਮਰਾਜ ਭੀ ਉਹਨਾਂ ਦਾ ਆਦਰ ਕਰਦਾ ਹੈ)।2।

ਜੇਹੜਾ ਮਨੁੱਖ ਆਪਣੇ ਮਨ ਵਿਚੋਂ ਮਨ ਦੇ ਵਿਕਾਰ ਛੱਡ ਦੇਂਦਾ ਹੈ, ਜਿਸ ਦੇ ਮਨ ਵਿਚੋਂ ਮਾਇਆ ਦਾ ਮੋਹ ਤੇ ਅਹੰਕਾਰ ਦੂਰ ਹੋ ਜਾਂਦਾ ਹੈ, ਉਹ ਸਰਬ-ਵਿਆਪਕ ਪਰਮਾਤਮਾ ਨਾਲ ਜਾਣ-ਪਛਾਣ ਪਾ ਲੈਂਦਾ ਹੈ, ਉਹ ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦੇ ਨਾਮ ਵਿਚ ਲੀਨਤਾ ਹਾਸਲ ਕਰ ਲੈਂਦਾ ਹੈ।

(ਪਰ) ਗੁਰੂ ਦੀ ਸਰਨ ਤੋਂ ਬਿਨਾ (ਵਿਕਾਰਾਂ ਤੋਂ) ਖ਼ਲਾਸੀ ਨਹੀਂ ਹੋ ਸਕਦੀ। ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਬੰਦਾ (ਵਿਕਾਰਾਂ ਦੇ ਪਿੱਛੇ) ਪਾਗਲ ਹੋਇਆ ਫਿਰਦਾ ਹੈ, ਉਹ ਗੁਰੂ ਦੇ ਸ਼ਬਦ (ਦੀ ਕਦਰ) ਨੂੰ ਨਹੀਂ ਸਮਝਦਾ। ਉਹ (ਜ਼ਬਾਨੀ ਜ਼ਬਾਨੀ ਧਾਰਮਿਕ) ਗੱਲਾਂ ਪਿਆ ਕਰੇ, ਪਰ ਉਹ ਮਾਇਆ ਦੇ ਮੋਹ ਵਿਚ ਹੀ ਗ਼ਰਕ ਰਹਿੰਦਾ ਹੈ।3।

(ਜੀਵਾਂ ਦੇ ਭੀ ਕੀਹ ਵੱਸ?) ਪਰਮਾਤਮਾ ਆਪ ਹੀ ਸਭ ਕੁਝ ਕਰਨ ਕਰਾਵਣ ਜੋਗਾ ਹੈ, ਹੋਰ ਕੋਈ ਜੀਵ ਦਮ ਨਹੀਂ ਮਾਰ ਸਕਦਾ। (ਆਪਣੀ ਸਿਫ਼ਤਿ-ਸਾਲਾਹ ਉਹ ਆਪ ਹੀ ਕਰਾਂਦਾ ਹੈ) ਜਿਵੇਂ ਪਰਮਾਤਮਾ ਬੋਲਣ ਦੀ ਪ੍ਰੇਰਨਾ ਕਰੇ ਤਿਵੇਂ ਹੀ ਜੀਵ ਬੋਲ ਸਕਦਾ ਹੈ (ਜੀਵ ਤਦੋਂ ਹੀ ਸਿਫ਼ਤਿ-ਸਾਲਾਹ ਕਰ ਸਕਦਾ ਹੈ) ਜਦੋਂ ਉਹ ਪਰਮਾਤਮਾ ਆਪ ਪ੍ਰੇਰਨਾ ਕਰਦਾ ਹੈ।

ਗੁਰੂ ਦੀ ਸਰਨ ਪੈ ਕੇ ਸਿਫ਼ਤਿ-ਸਾਲਾਹ ਦੀ ਬਾਣੀ ਵਿਚ ਜੁੜਿਆਂ ਪ੍ਰਭੂ ਮਿਲਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ (ਹੀ ਪ੍ਰਭੂ ਨਾਲ) ਮਿਲਾਪ ਹੁੰਦਾ ਹੈ। ਹੇ ਨਾਨਕ! (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੇ ਨਾਮ ਨੂੰ ਹਿਰਦੇ ਵਿਚ ਸੰਭਾਲ, ਇਸ ਨਾਮ ਦੇ ਸਿਮਰਨ ਨਾਲ ਹੀ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ।4। 30। 63।